# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ : 13-09-2025**

## ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾ

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਮਨੀਪੁਰ ਦੇ ਲੋਕਾਂ ਨੂੰ ਸੂਬੇ ਵਿੱਚ ਸ਼ਾਂਤੀ ਲਈ ਅੱਗੇ ਆਉਣ ਅਤੇ ਨੌਜਵਾਨ ਪੀੜ੍ਹੀ ਦੀ ਤਰੱਕੀ ਅਤੇ ਭਲਾਈ ਦਾ ਰਸਤਾ ਚੁਣਨ ਦਾ ਸੱਦਾ ਦਿੱਤਾ।
- ਕੇਂਦਰੀ ਰਾਜ ਮੰਤਰੀ ਡਾ. ਐਲ. ਮੁਰੂਗਨ ਨੇ ਸ੍ਰੀ ਅਨੰਦਪੁਰ ਸਾਹਿਬ, ਕੀਰਤਪੁਰ ਸਾਹਿਬ ਅਤੇ ਨੰਗਲ ਦੇ ਹੜ ਪ੍ਰਭਾਵਿਤ ਪਿੰਡਾਂ ਦਾ ਦੌਰਾ ਕਰਕੇ ਸਥਿਤੀ ਦਾ ਲਿਆ ਜਾਇਜ਼ਾ।
- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵਲੋਂ ਸੂਬੇ ਦੇ ਹੜ੍ਹ ਪ੍ਰਭਾਵਿਤ ਇਲਾਕਿਆਂ ਵਿੱਚ 100 ਕਰੋੜ ਰੁਪਏ ਦੀ ਲਾਗਤ ਨਾਲ, ਮੁੜ ਵਸੇਬਾ ਅਤੇ ਸਫਾਈ ਮੁਹਿੰਮ ਜੰਗੀ ਪੱਧਰ ’ਤੇ ਚਲਾਉਣ ਦਾ ਐਲਾਨ ।
- ਪੰਜਾਬ ਭਰ ਵਿਚ ਕੌਮੀ ਲੋਕ ਅਦਾਲਤਾਂ ਦਾ ਆਯੋਜਨ।

- ਏਸ਼ੀਆ ਕੱਪ ਕ੍ਰਿਕਟ ਟੂਰਨਾਮੈਂਟ 'ਚ, ਅੱਜ ਗਰੁੱਪ 'ਬੀ' ਵਿੱਚ, ਸ੍ਰੀਲੰਕਾ ਦਾ ਮੁਕਾਬਲਾ ਬੰਗਲਾਦੇਸ਼ ਨਾਲ ਹੋਵੇਗਾ।

**ਹੁਣ ਖਬਰਾਂ ਵਿਸਥਾਰ ਨਾਲ....**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਮਨੀਪੁਰ ਦੇ ਲੋਕਾਂ ਨੂੰ ਸੂਬੇ ਵਿੱਚ ਸ਼ਾਂਤੀ ਲਈ ਅੱਗੇ ਆਉਣ ਅਤੇ ਨੌਜਵਾਨ ਪੀੜ੍ਹੀ ਦੀ ਤਰੱਕੀ ਅਤੇ ਭਲਾਈ ਦਾ ਰਸਤਾ ਚੁਣਨ ਦਾ ਸੱਦਾ ਦਿੱਤਾ ਏ। ਪ੍ਰਧਾਨ ਮੰਤਰੀ ਇੱਕ ਦਿਨਾ ਦੌਰੇ 'ਤੇ ਮਨੀਪੁਰ ਪਹੁੰਚੇ। ਉਨ੍ਹਾਂ ਨੇ ਚੂੜ੍ਹਾ-ਚਾਂਦਪੁਰ ਜ਼ਿਲ੍ਹੇ ਦੇ ਪੀਸ ਗਰਾਊਂਡ ਵਿਖੇ, 7 ਹਜ਼ਾਰ 300 ਕਰੋੜ ਰੁਪਏ ਦੇ ਚੌਦਾਂ ਵੱਖ-ਵੱਖ ਪ੍ਰੋਜੈਕਟਾਂ ਦਾ ਨੀਂਹ ਪੱਥਰ ਰੱਖਿਆ। ਇਸ ਦੌਰਾਨ ਇੱਕ ਜਨ ਸਭਾ ਨੂੰ ਸੰਬੋਧਨ ਕਰਦਿਆਂ, ਸ੍ਰੀ ਮੋਦੀ ਨੇ ਮਨੀਪੁਰ ਦੇ ਲੋਕਾਂ ਨੂੰ ਹਿੰਸਾ ਛੱਡਣ ਅਤੇ ਨੌਜਵਾਨ ਪੀੜ੍ਹੀ ਦੀ ਭਲਾਈ ਅਤੇ ਰਾਜ ਦੇ ਵਿਕਾਸ ਬਾਰੇ ਸੋਚਣ ਦੀ ਅਪੀਲ ਕੀਤੀ ਏ।

BYTE

-----------------------------------------------------

ਸੂਚਨਾ ਅਤੇ ਪ੍ਰਸਾਰਣ ਅਤੇ ਸੰਸਦੀ ਮਾਮਲਿਆਂ ਬਾਰੇ ਰਾਜ ਮੰਤਰੀ ਡਾ. ਐਲ. ਮੁਰੂਗਨ ਨੇ ਅੱਜ ਸ੍ਰੀ ਅਨੰਦਪੁਰ ਸਾਹਿਬ, ਕੀਰਤਪੁਰ ਸਾਹਿਬ ਅਤੇ ਨੰਗਲ ਦੇ ਹੜ ਪ੍ਰਭਾਵਿਤ ਪਿੰਡਾਂ ਦਾ ਦੌਰਾ ਕਰਕੇ ਹੜ੍ਹਾਂ ਦੀ ਸਥਿਤੀ ਅਤੇ ਨੁਕਸਾਨ ਦੀ ਸਥਿਤੀ ਦਾ ਜਾਇਜ਼ਾ ਲਿਆ।

ਆਪਣੇ ਦੌਰੇ ਦੌਰਾਨ ਡਾ. ਮੁਰੂਗਨ ਹੜ੍ਹ ਪੀੜਤਾਂ ਨੂੰ ਮਿਲਣ ਅਤੇ ਸਥਿਤੀ ਦਾ ਜਾਇਜ਼ਾ ਲੈਣ ਲਈ ਪਿੰਡ ਸ਼ਾਹਪੁਰ ਬੇਲਾ , ਪਿੰਡ ਹਰੀਵਾਲ, ਭਨੂਪਲੀ, ਸ੍ਰੀ ਲਕਸ਼ਮੀ ਨਰਾਇਣ ਮੰਦਰ ਨੰਗਲ ਅਤੇ ਪਿੰਡ ਬੇਲਾ ਧਿਆਨੀ ਵਿਖੇ ਦੌਰਾ ਕੀਤਾ। ਉਨ੍ਹਾਂ ਨੇ ਹੜ੍ਹ ਪ੍ਰਭਾਵਿਤ ਪਰਿਵਾਰਾਂ ਨਾਲ ਗੱਲਬਾਤ ਵੀ ਕੀਤੀ । ਇਸ ਮੌਕੇ ਕੇਂਦਰ ਵਲੋਂ ਹਰ ਸੰਭਵ ਮਦਦ ਦਾ ਭਰੋਸਾ ਵੀ ਦਿਤਾ।

BYTE

---------------------------------------------------------

ਓਧਰ ਪੰਜਾਬ BJP ਦੇ ਕਾਰਜਕਾਰੀ ਪ੍ਰਧਾਨ ਅਸ਼ਵਨੀ ਸ਼ਰਮਾ ਨੇ ਪਠਾਨਕੋਟ ਜ਼ਿਲ੍ਹੇ ਦੇ ਹੜ੍ਹ ਪ੍ਰਭਾਵਿਤ ਪਿੰਡਾਂ ਕੋਲੀਆਂ ਅਤੇ ਪੰਮਾ ਦਾ ਦੌਰਾ ਕਰਕੇ ਲੋਕਾਂ ਦਾ ਹਾਲ ਜਾਣਿਆ ਅਤੇ ਉਨ੍ਹਾਂ ਨੂੰ ਕੇਂਦਰ ਸਰਕਾਰ ਵੱਲੋਂ ਹਰ ਸੰਭਵ ਮਦਦ ਦਾ ਭਰੋਸਾ ਦਿੱਤਾ।

---------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਸੂਬੇ ਦੇ ਹੜ੍ਹ ਪ੍ਰਭਾਵਿਤ ਇਲਾਕਿਆਂ ਵਿੱਚ 100 ਕਰੋੜ ਰੁਪਏ ਦੀ ਲਾਗਤ ਨਾਲ ਮੁੜ ਵਸੇਬਾ ਅਤੇ ਸਫਾਈ ਮੁਹਿੰਮ ਜੰਗੀ ਪੱਧਰ ’ਤੇ ਚਲਾਉਣ ਦਾ ਐਲਾਨ ਕੀਤਾ ਏ । ਚੰਡੀਗੜ੍ਹ ਚ ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਮੁੱਖ ਮੰਤਰੀ ਨੇ ਕਿਹਾ ਕਿ ਬਹੁਤ ਸਾਰੇ ਇਲਾਕਿਆਂ ਵਿੱਚ ਹੁਣ ਹੜ੍ਹਾਂ ਦਾ ਪਾਣੀ

ਘਟ ਰਿਹਾ ਏ ਪਰ ਪਿੰਡਾਂ ਤੇ ਕਸਬਿਆਂ ਵਿੱਚ ਗਾਰ ਤੇ ਗੰਦਗੀ ਬਹੁਤ ਫੈਲੀ ਹੋਈ ਏ । ਇਸ ਲਈ ਸੂਬਾ ਸਰਕਾਰ 2300 ਪ੍ਰਭਾਵਿਤ ਪਿੰਡਾਂ ਅਤੇ ਵਾਰਡਾਂ ਵਿੱਚ ਵਿਆਪਕ ਪੱਧਰ ’ਤੇ ਸਫਾਈ ਕਰਨ ਦੀ ਮੁਹਿੰਮ ਦਾ ਆਗਾਜ਼ ਕਰਨ ਜਾ ਰਹੀ ਏ । ਭਗਵੰਤ ਸਿੰਘ ਮਾਨ ਨੇ ਕਿਹਾ ਕਿ ਹਰੇਕ ਪਿੰਡ ਲਈ ਸਰਕਾਰ ਨੇ ਟੀਮਾਂ ਦਾ ਗਠਨ ਕੀਤਾ ਹੈ ਜਿਨ੍ਹਾਂ ਕੋਲ ਜੇ.ਸੀ.ਬੀ. ਮਸ਼ੀਨਾਂ, ਟਰੈਕਟਰ-ਟਰਾਲੀਆਂ ਅਤੇ ਲੇਬਰ ਦੀ ਵਿਵਸਥਾ ਹੋਵੇਗੀ। ਇਹ ਟੀਮਾਂ ਗਾਰ ਤੇ ਮਲਬਾ ਹਟਾਉਣਗੀਆਂ ਅਤੇ ਹਰੇਕ ਪਿੰਡ ਦੀ ਮੁਕੰਮਲ ਸਫਾਈ ਨੂੰ ਯਕੀਨੀ ਬਣਾਉਣਗੀਆਂ। ਇਸ ਮੁਹਿੰਮ ਲਈ ਸਮਾਂ-ਸੀਮਾ ਨਿਰਧਾਰਤ ਕਰਦੇ ਹੋਏ ਮੁੱਖ ਮੰਤਰੀ ਨੇ ਕਿਹਾ ਕਿ 24 ਸਤੰਬਰ ਤੱਕ ਸਾਰੇ ਪਿੰਡਾਂ ਨੂੰ ਸਾਫ਼ ਕਰਕੇ ਗਾਰ ਤੇ ਮਲਬਾ ਮੁਕਤ ਕਰ ਦਿੱਤਾ ਜਾਵੇਗਾ ਅਤੇ 15 ਅਕਤੂਬਰ ਤੱਕ ਜਨਤਕ ਥਾਵਾਂ 'ਤੇ ਮੁਰੰਮਤ ਦਾ ਕੰਮ ਪੂਰਾ ਕਰ ਲਿਆ ਜਾਵੇਗਾ। ਇਸੇ ਤਰ੍ਹਾਂ ਉਨ੍ਹਾਂ ਕਿਹਾ ਕਿ 22 ਅਕਤੂਬਰ ਤੱਕ ਛੱਪੜਾਂ ਦੀ ਸਫਾਈ ਦਾ ਕੰਮ ਪੂਰਾ ਕਰ ਲਿਆ ਜਾਵੇਗਾ ਜਿਸ ਲਈ ਸਰਕਾਰ ਨੇ ਪਹਿਲਾਂ ਹੀ ਸਾਰੇ ਜ਼ਰੂਰੀ ਪ੍ਰਬੰਧ ਕਰ ਲਏ ਹਨ। ਭਗਵੰਤ ਸਿੰਘ ਮਾਨ ਨੇ ਇਸ ਨੇਕ ਕਾਰਜ ਵਿੱਚ ਵੀ ਗੈਰ-ਸਰਕਾਰੀ ਸੰਗਠਨਾਂ, ਯੂਥ ਕਲੱਬਾਂ ਅਤੇ ਹੋਰ ਸੰਗਠਨਾਂ ਨੂੰ ਸਹਿਯੋਗ ਲਈ ਅਪੀਲ ਕੀਤੀ।

---------------------------------------------------

ਹੜ੍ਹ ਪ੍ਰਭਾਵਿਤ ਪਠਾਨਕੋਟ ਜ਼ਿਲ੍ਹੇ ਦੇ ਭੋਆ ਹਲਕੇ ਦੇ ਸਰਹੱਦੀ ਪਿੰਡਾਂ ਵਿੱਚ ਹੜ੍ਹ ਦਾ ਪਾਣੀ ਕੱਢਣ ਤੋਂ ਬਾਅਦ ਬਿਮਾਰੀਆਂ ਫੈਲਣ ਦਾ ਖ਼ਤਰਾ ਵਧ ਗਿਆ ਏ , ਇਸ ਲਈ ਬਿਮਾਰੀਆਂ ਤੋਂ ਬਚਾਅ ਲਈ ਪਿੰਡ ਵਿੱਚ ਸਫਾਈ ਮੁਹਿੰਮ ਸ਼ੁਰੂ ਕੀਤੀ ਗਈ ਏ । ਇਸਦੀ ਸ਼ੁਰੂਆਤ ਕੈਬਨਿਟ ਮੰਤਰੀ ਲਾਲਚੰਦ ਕਟਾਰੂਚੱਕ ਨੇ ਬਮਿਆਲ ਤੋਂ ਕੀਤੀ । ਪਿੰਡ ਦੀ ਸਫਾਈ  ਅਤੇ ਡੇਂਗੂ ਮੱਛਰਾਂ ਤੋਂ ਬਚਾਅ ਲਈ ਦਵਾਈ ਦਾ ਛਿੜਕਾਅ ਕੀਤਾ ਗਿਆ, ਨਾਲ ਹੀ ਫੌਗਿੰਗ ਵੀ ਕੀਤੀ ਗਈ।

BYTE

---------------------------------------------------

ਪੰਜਾਬ ਸਰਕਾਰ ਵੱਲੋਂ ਹੜ੍ਹ ਪ੍ਰਭਾਵਿਤ ਇਲਾਕਿਆਂ ਵਿੱਚ ਮੁਆਵਜ਼ੇ ਦੀ ਵੰਡ ਲਈ ਵਿਸ਼ੇਸ਼ ਗਿਰਦਾਵਰੀ ਦਾ ਕੰਮ ਅੱਜ ਜ਼ਮੀਨੀ ਪੱਧਰ ‘ਤੇ ਸ਼ੁਰੂ ਹੋ ਗਿਆ ਏ  । ਕਪੂਰਥਲਾ ਦੇ ਡਿਪਟੀ ਕਮਿਸ਼ਨਰ ਅਮਿਤ ਕੁਮਾਰ ਪੰਚਾਲ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਜਾਰੀ ਹਦਾਇਤਾਂ ਦੇ ਮੱਦੇਨਜ਼ਰ ਕਪੂਰਥਲਾ , ਸੁਲਤਾਨਪੁਰ , ਭੁਲੱਥ ਸਬ ਡਵੀਜ਼ਨਾਂ ਦੇ ਹੜ੍ਹ ਮਾਰੇ ਖੇਤਰਾਂ ਵਿੱਚ ਸਪੈਸ਼ਲ ਗਿਰਦਾਵਰੀ ਲਈ ਪਟਵਾਰੀਆਂ ਨੂੰ ਤਾਇਨਾਤ ਕਰਕੇ ਪਿੰਡਾਂ ਦੀ ਵੰਡ ਕਰ ਦਿੱਤੀ ਗਈ ਏ  ਤਾਂ ਜੋ ਗਿਰਦਾਵਰੀ ਦਾ ਕੰਮ ਤੇਜ਼ੀ ਤੇ ਸੁਚਾਰੂ ਢੰਗ ਨਾਲ ਮੁਕੰਮਲ ਕੀਤਾ ਜਾ ਸਕੇ ।

---------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਇਸ ਆਜ਼ਾਦੀ ਦਿਵਸ 'ਤੇ ਲਾਲ ਕਿਲ੍ਹੇ ਦੀ ਫਸੀਲ ਤੋਂ, ਦੀਵਾਲੀ ਤੱਕ GST ਸੁਧਾਰਾਂ ਦੀ ਅਗਲੀ ਪੀੜ੍ਹੀ ਦਾ ਐਲਾਨ ਕੀਤਾ ਸੀ । ਉਨ੍ਹਾਂ ਦਾ ਸੁਪਨਾ ਉਦੋਂ ਸਾਕਾਰ ਹੋਇਆ ਜਦੋਂ 3 ਸਤੰਬਰ ਨੂੰ, GST ਕੌਂਸਲ ਨੇ ਦਰਾਂ ਨੂੰ ਤਰਕਸੰਗਤ ਬਣਾਉਣ, ਕਈ ਖੇਤਰਾਂ ਵਿੱਚ ਟੈਕਸ ਦਰਾਂ ਘਟਾਉਣ ਅਤੇ ਨਾਗਰਿਕਾਂ ਲਈ ਜੀਵਨ ਨੂੰ ਆਸਾਨ ਬਣਾਉਣ ਨੂੰ ਮਨਜ਼ੂਰੀ ਦੇ ਦਿੱਤੀ। ਅੱਜ, ਅਸੀਂ ਟੈਕਸ ਮੁਕਤ ਵਸਤਾਂ ਲਈ ਸੁਧਾਰਾਂ ਬਾਰੇ ਗੱਲ ਕਰਦੇ ਹਾਂ -

ਪੇਸ਼ ਏ ਇਕ ਰਿਪੋਰਟ :RNU130925

ਅਗਲੀ ਪੀੜ੍ਹੀ ਦੇ ਜੀਐਸਟੀ ਸੁਧਾਰਾਂ ਤਹਿਤ, ਸਰਕਾਰ ਨੇ ਆਮ ਆਦਮੀ 'ਤੇ ਬੋਝ ਘਟਾਉਣ ਲਈ ਕਈ ਜ਼ਰੂਰੀ ਵਸਤੂਆਂ ਨੂੰ GST ਤੋਂ ਛੋਟ ਦੇ ਕੇ ਮਹੱਤਵਪੂਰਨ ਕਦਮ ਚੁੱਕੇ ਨੇ. ਨਵੇਂ ਢਾਂਚੇ ਤਹਿਤ, ਸਬਜ਼ੀਆਂ, ਫਲ, ਮੇਵੇ ਅਤੇ ਜੂਸ ਸਮੇਤ ਖਪਤਕਾਰ ਵਸਤਾਂ ‘ਤੇ ਟੈਕਸ 12 ਫੀਸਦੀ ਤੋਂ ਘਟਾ ਕੇ 5 ਫੀਸਦੀ ਕਰ ਦਿੱਤਾ ਗਿਆ ਏ. ਨਮਕੀਨ, ਤੇ ਭੁਜੀਆ ਤੇ MIXTURE ਵਰਗੀਆਂ ਸਨੈਕ ਵਸਤਾਂ ‘ਤੇ ਵੀ ਟੈਕਸ 12 ਫੀਸਦੀ ਤੋਂ ਘਟਾ ਕੇ 5 ਫੀਸਦੀ ਕਰ ਦਿੱਤਾ ਗਿਆ ਏ । ਇਸ ਤੋਂ ਇਲਾਵਾ, ਕੈਂਡੀਜ਼, ਟੌਫੀ, ਜੈਲੀ ਆਦਿ 'ਤੇ ਜੀਐਸਟੀ 18 ਫੀਸਦੀ ਤੋਂ ਘਟਾ ਕੇ 5 ਫੀਸਦੀਕਰ ਦਿੱਤਾ ਗਿਆ ਏ, ਤਾਂ ਜੋ ਮੁੱਖ ਤੌਰ 'ਤੇ ਖੰਡ ਤੋਂ ਬਣੇ ਉਤਪਾਦਾਂ 'ਤੇ ਬੋਝ ਘੱਟ ਕੀਤਾ ਜਾ ਸਕੇ। ਲਗਭਗ ਸਾਰੇ ਭੋਜਨ ਉਤਪਾਦਾਂ ਦੀਆਂ ਘਟੀਆਂ ਕੀਮਤਾਂ ਨਾਲ ਜੀਵਨ ਦੀ ਸੌਖ ਨੂੰ ਉਤਸ਼ਾਹਿਤ ਕਰਨ, ਮੰਗ ਨੂੰ ਵਧਾਉਣ, ਨਵੇਂ ਨਿਵੇਸ਼ ਨੂੰ ਆਕਰਸ਼ਿਤ ਕਰਨ ਅਤੇ ਰੁਜ਼ਗਾਰ ਪੈਦਾ ਕਰਨ ਦੀ ਉਮੀਦ ਏ । ਨਵੀਆਂ ਟੈਕਸ ਦਰਾਂ ਇਸ ਮਹੀਨੇ ਦੀ 22 ਤਰੀਕ ਤੋਂ ਲਾਗੂ ਹੋਣਗੀਆਂ।

---------------------------------------------------------------

ਰਾਸ਼ਟਰੀ ਕਾਨੂੰਨੀ ਸੇਵਾਵਾਂ ਅਥਾਰਟੀ ਅਤੇ ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਦੇ ਨਿਰਦੇਸ਼ਾਂ ਤਹਿਤ ਅੱਜ ਪੰਜਾਬ ਦੇ ਵੱਖ ਵੱਖ ਜ਼ਿਲਿਆਂ ਵਿਚ ਵਿਚ ਕੌਮੀ ਲੋਕ ਅਦਾਲਤ ਦਾ ਆਯੋਜਨ ਕੀਤਾ ਗਿਆ। ਜਲੰਧਰ, ਫਿਲੌਰ ਅਤੇ ਨਕੋਦਰ ਦੇ ਨਿਆਂਇਕ ਅਦਾਲਤ ਕੰਪਲੈਕਸਾਂ ਵਿੱਚ ਜ਼ਿਲ੍ਹਾ ਅਤੇ ਸੈਸ਼ਨ ਜੱਜ ਨਿਰਭੈ ਸਿੰਘ ਗਿੱਲ,  ਦੀ ਅਗਵਾਈ ਵਿੱਚ 27 ਬੈਂਚਾਂ ਦਾ ਗਠਨ ਕੀਤਾ ਗਿਆ ਤੇ ਕੁੱਲ 53 ਹਜ਼ਾਰ 83 ਮਾਮਲਿਆਂ ਦੀ ਸੁਣਵਾਈ ਹੋਈ, ਜਿਨ੍ਹਾਂ ਵਿੱਚੋਂ 52,238 ਕੇਸਾਂ ਦਾ ਨਿਪਟਾਰਾ ਸਮਝੌਤੇ ਰਾਹੀਂ ਕੀਤਾ ਗਿਆ। ਲੋਕ ਅਦਾਲਤ ਵਿੱਚ 130 ਕਰੋੜ 18 ਲੱਖ 74 ਹਜ਼ਾਰ 274 ਰੁਪਏ ਦੇ ਅਵਾਰਡਾਂ ਦਾ ਨਿਪਟਾਰਾ ਕੀਤਾ ਗਿਆ। ਗੁਰਦਾਸਪੁਰ ਦੇ ਵਧੀਕ ਜਿਲ੍ਹਾ ਅਤੇ ਸੈਸ਼ਨ ਜੱਜ  ਰਮਨ ਗੋਕਲਾਨੀ,   ਨੇ ਦੱਸਿਆ ਕਿ ਲੋਕ ਅਦਾਲਤ ਦਾ ਮੁੱਖ ਮਨੋਰਥ ਦੋਵੇਂ ਧਿਰਾਂ ਦੀ ਆਪਸੀ ਰਜਾਮੰਦੀ ਨਾਲ ਝਗੜਿਆਂ ਦਾ ਨਿਪਟਾਰਾ ਕਰਵਾਉਣਾ ਏ।

BYTE

ਜ਼ਿਲ੍ਹਾ ਹੁਸ਼ਿਆਰਪੁਰ ਵਿੱਚ ਕੁੱਲ 21  ਹਜ਼ਾਰ 675 ਮਾਮਲਿਆਂ ਦਾ ਮੌਕੇ 'ਤੇ ਹੀ ਨਿਪਟਾਰਾ ਕੀਤਾ ਗਿਆ। ਇਸ ਸਮੇਂ ਦੌਰਾਨ, ਧਿਰਾਂ ਵਿਚਕਾਰ ਲਗਭਗ 21 ਕਰੋੜ ਤੋਂ ਵੱਧ ਦੇ ਰੁਪਏ ਦੇ ਅਵਾਰਡ ਪਾਸ ਕੀਤੇ ਗਏ।

---

ਏਸ਼ੀਆ ਕੱਪ ਕ੍ਰਿਕਟ ਟੂਰਨਾਮੈਂਟ ਵਿੱਚ, ਅੱਜ ਗਰੁੱਪ 'ਬੀ' ਵਿੱਚ, ਸ਼੍ਰੀਲੰਕਾ ਦਾ ਮੁਕਾਬਲਾ ਬੰਗਲਾਦੇਸ਼ ਨਾਲ ਹੋਵੇਗਾ। ਇਹ ਮੈਚ ਭਾਰਤੀ ਸਮੇਂ ਅਨੁਸਾਰ ਰਾਤ 8 ਵਜੇ ਦੁਬਈ ਦੇ ਸ਼ੇਖ ਜ਼ਾਇਦ ਸਟੇਡੀਅਮ ਵਿੱਚ ਖੇਡਿਆ ਜਾਵੇਗਾ।

---

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਮਨੀਪੁਰ ਦੇ ਲੋਕਾਂ ਨੂੰ ਸੂਬੇ ਵਿੱਚ ਸ਼ਾਂਤੀ ਲਈ ਅੱਗੇ ਆਉਣ ਅਤੇ ਨੌਜਵਾਨ ਪੀੜ੍ਹੀ ਦੀ ਤਰੱਕੀ ਅਤੇ ਭਲਾਈ ਦਾ ਰਸਤਾ ਚੁਣਨ ਦਾ ਸੱਦਾ ਦਿੱਤਾ।
- ਕੇਂਦਰੀ ਰਾਜ ਮੰਤਰੀ ਡਾ. ਐਲ. ਮੁਰੂਗਨ ਨੇ ਸ੍ਰੀ ਅਨੰਦਪੁਰ ਸਾਹਿਬ, ਕੀਰਤਪੁਰ ਸਾਹਿਬ ਅਤੇ ਨੰਗਲ ਦੇ ਹੜ ਪ੍ਰਭਾਵਿਤ ਪਿੰਡਾਂ ਦਾ ਦੌਰਾ ਕਰਕੇ ਸਥਿਤੀ ਦਾ ਲਿਆ ਜਾਇਜ਼ਾ।
- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵਲੋਂ ਸੂਬੇ ਦੇ ਹੜ੍ਹ ਪ੍ਰਭਾਵਿਤ ਇਲਾਕਿਆਂ ਵਿੱਚ 100 ਕਰੋੜ ਰੁਪਏ ਦੀ ਲਾਗਤ ਨਾਲ, ਮੁੜ ਵਸੇਬਾ ਅਤੇ ਸਫਾਈ ਮੁਹਿੰਮ ਜੰਗੀ ਪੱਧਰ ’ਤੇ ਚਲਾਉਣ ਦਾ ਐਲਾਨ ।
- ਪੰਜਾਬ ਭਰ ਵਿਚ ਕੌਮੀ ਲੋਕ ਅਦਾਲਤਾਂ ਦਾ ਆਯੋਜਨ।

ਏਸ਼ੀਆ ਕੱਪ ਕ੍ਰਿਕਟ ਟੂਰਨਾਮੈਂਟ 'ਚ, ਅੱਜ ਗਰੁੱਪ 'ਬੀ' ਵਿੱਚ, ਸ਼੍ਰੀਲੰਕਾ ਦਾ ਮੁਕਾਬਲਾ ਬੰਗਲਾਦੇਸ਼ ਨਾਲ ਹੋਵੇਗਾ।

---

**ਇਸਦੇ ਨਾਲ ਪ੍ਰਦੇਸ਼ਕ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਰਾਸ਼ ਟਰੀ ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ**

**7 ਵੱਜਕੇ 30 ਮਿੰਟ 'ਤੇ ਨਮਸਕਾਰ !**